# ਪ੍ਰਦੇਸ਼ਕ ਖਬਰਾਂ

# ਆਕਾਸ਼ਵਾਣੀ ਜਲੰਧਰ

## 13-10

**ਮਿਤੀ 06-12-2025**

ਦੇਸ਼ ਅੱਜ ਭਾਰਤ ਰਤਨ ਡਾ. ਬੀ.ਆਰ. ਅੰਬੇਡਕਰ ਨੂੰ ਉਨ੍ਹਾਂ ਦੇ 70ਵੇਂ ਮਹਾਪਰਿਨਿਰਵਾਣ ਦਿਵਸ ਮੌਕੇ ਸ਼ਰਧਾਂਜਲੀ ਭੇਟ ਕਰ ਰਿਹਾ ਏ। ਦੇਸ਼ ਭਰ 'ਚ, ਰਾਸ਼ਟਰ ਨਿਰਮਾਣ ਵਿੱਚ ਡਾ. ਅੰਬੇਡਕਰ ਦੇ ਬੇਮਿਸਾਲ ਯੋਗਦਾਨ ਨੂੰ ਉਜਾਗਰ ਕਰਨ ਲਈ ਅਨੇਕਾਂ ਪ੍ਰੋਗਰਾਮ ਆਯੋਜਿਤ ਕੀਤੇ ਜਾ ਰਹੇ ਨੇ। ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ, ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਲੋਕ ਸਭਾ ਸਪੀਕਰ ਓਮ ਬਿਰਲਾ ਅਤੇ ਹੋਰ ਪਤਵੰਤਿਆਂ ਨੇ ਨਵੀਂ ਦਿੱਲੀ ਵਿਖੇ ਸੰਸਦ ਕੰਪਲੈਕਸ ਵਿਖੇ ਡਾ. ਅੰਬੇਡਕਰ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਬਾਬਾ ਸਾਹਿਬ ਦੀ ਦੂਰਦਰਸ਼ੀ ਅਗਵਾਈ ਅਤੇ ਨਿਆਂ, ਸਮਾਨਤਾ ਅਤੇ ਸੰਵਿਧਾਨਕ ਕਦਰਾਂ-ਕੀਮਤਾਂ ਪ੍ਰਤੀ ਅਟੁੱਟ ਵਚਨਬੱਧਤਾ ਭਾਰਤ ਦੀ ਰਾਸ਼ਟਰੀ ਯਾਤਰਾ ਦੀ ਅਗਵਾਈ ਕਰ ਰਹੀ ਏ। ਉਨ੍ਹਾਂ ਕਿਹਾ ਕਿ ਡਾ. ਅੰਬੇਡਕਰ ਨੇ ਪੀੜ੍ਹੀਆਂ ਨੂੰ ਮਨੁੱਖੀ ਮਾਣ-ਸਨਮਾਨ ਨੂੰ ਕਾਇਮ ਰੱਖਣ ਅਤੇ ਲੋਕਤੰਤਰ ਦੀਆਂ ਨੀਂਹਾਂ ਨੂੰ ਮਜ਼ਬੂਤ ਕਰਨ ਲਈ ਪ੍ਰੇਰਿਤ ਕੀਤਾ।

--------------------------------------------------------------------

ਦੇਸ਼ ਦੇ ਸਾਬਕਾ ਰਾਸ਼ਟਰਪਤੀ ਰਾਮ ਨਾਥ ਕੋਵਿੰਦ ਅੱਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਏ। ਇਸ ਦੌਰਾਨ ਸ੍ਰੀ ਕੋਵਿੰਦ ਨੇ ਸ੍ਰੀ ਦਰਬਾਰ ਸਾਹਿਬ ਦੀ ਪਰਿਕਰਮਾ ਕੀਤੀ ਅਤੇ ਸਰਬਤ ਦੇ ਭਲੇ ਲਈ ਅਰਦਾਸ ਕੀਤੀ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਸਾਬਕਾ ਰਾਸ਼ਟਰਪਤੀ ਨੂੰ ਸ੍ਰੀ ਹਰਿਮੰਦਰ ਸਾਹਿਬ ਦਾ ਸੁਨਹਿਰੀ ਮਾਡਲ ਅਤੇ ਧਾਰਮਿਕ ਪੁਸਤਕਾਂ ਦਾ ਸੈੱਟ ਭੇਟ ਕਰ ਕੇ ਸਨਮਾਨਿਤ ਕੀਤਾ ਗਿਆ। **ਇਸ ਮੌਕੇ ਗੱਲਬਾਤ ਕਰਦਿਆਂ ਸ੍ਰੀ ਕੋਵਿੰਦ ਨੇ ਕਿਹਾ . . .*Byte***

ਇਸ ਤੋਂ ਪਹਿਲਾਂ ਬੀਤੇ ਕੱਲ੍ਹ ਸਾਬਕਾ ਰਾਸ਼ਟਰਪਤੀ ਆਪਣੇ ਪਰਿਵਾਰ ਸਮੇਤ ਅੰਮ੍ਰਿਤਸਰ ਵਿਚ ਪਾਈਟੈਕਸ ਅੰਤਰਰਾਸ਼ਟਰੀ ਮੇਲੇ ਦਾ ਰਸਮੀ ਉਦਘਾਟਨ ਕਰਨ ਪਹੁੰਚੇ, ਜਿੱਥੇ ਪੰਜਾਬ ਦੇ ਕੈਬਨਿਟ ਮੰਤਰੀ ਵੀ ਮੌਜੂਦ ਸਨ। ਇਸ ਮੌਕੇ ਸਾਬਕਾ ਰਾਸ਼ਟਰਪਤੀ ਨੇ ਕਿਹਾ ਕਿ ਇਹ ਐਕਸਪੋ ਪੰਜਾਬ ਲਈ ਵਿਸ਼ਵਵਿਆਪੀ ਮਹੱਤਵ ਰੱਖਦਾ ਏ ਅਤੇ ਇਹ ਪੰਜਾਬ ਸਰਕਾਰ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਗਿਆ ਸੀ। ਉਨ੍ਹਾਂ ਕਿਹਾ ਪਾਈਟੈਕਸ ਵਰਗੇ ਐਕਸਪੋ ਪੰਜਾਬ ਤੋਂ ਇਲਾਵਾ ਦਿੱਲੀ ਵਿੱਚ ਵੀ ਹੋਣੇ ਚਾਹੀਦੇ ਨੇ, ਕਿਉਂਕਿ ਇਸ ਨਾਲ ਰੁਜ਼ਗਾਰ ਦੇ ਮੌਕੇ ਵਧਣਗੇ। ਇਸ ਮੌਕੇ ਪੰਜਾਬ ਦੇ ਖਜ਼ਾਨਾ ਮੰਤਰੀ ਹਰਪਾਲ ਚੀਮਾ ਨੇ ਸਾਬਕਾ ਰਾਸ਼ਟਰਪਤੀ ਦਾ ਸਵਾਗਤ ਕਰਦਿਆਂ ਕਿਹਾ ਕਿ ਅਜਿਹੇ ਵਪਾਰ ਮੇਲੇ ਦੂਜੇ ਦੇਸ਼ਾਂ ਨਾਲ ਵਪਾਰਕ ਆਦਾਨ-ਪ੍ਰਦਾਨ ਵਧਾਉਂਦੇ ਨੇ। ਕਿਉਂਕਿ ਰਾਸ਼ਟਰੀ ਅਤੇ

ਅੰਤਰਰਾਸ਼ਟਰੀ ਕੰਪਨੀਆਂ ਉਨ੍ਹਾਂ ਵਿੱਚ ਹਿੱਸਾ ਲੈਂਦੀਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਅਜਿਹੇ ਹੋਰ ਵਪਾਰ ਮੇਲਿਆਂ ਦੀ ਲੋੜ ਏ।

-------------------------------------------------------

ਜਾਪਾਨ ਦੌਰੇ ਦੇ ਚੌਥੇ ਦਿਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਰੋਡ ਸ਼ੋਅ ਨੂੰ ਸ਼ੁੱਕਰਵਾਰ ਨੂੰ ਓਸਾਕਾ ਵਿਖੇ ਭਰਵਾਂ ਹੁੰਗਾਰਾ ਮਿਲਿਆ ਅਤੇ ਪ੍ਰਮੁੱਖ ਜਾਪਾਨੀ ਕੰਪਨੀਆਂ ਨੇ ਰੋਡ ਸ਼ੋਅ ਵਿੱਚ ਸ਼ਿਰਕਤ ਕੀਤੀ ਤੇ ਸੂਬੇ ਵਿੱਚ ਪੂੰਜੀਕਾਰੀ ਕਰਨ ਵਿੱਚ ਡੂੰਘੀ ਦਿਲਚਸਪੀ ਦਿਖਾਈ। ਇਸ ਦੌਰਾਨ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਵੱਡੀਆਂ ਉਦਯੋਗਿਕ ਕੰਪਨੀਆਂ ਦੀ ਭਾਈਵਾਲੀ ਭਾਰਤ-ਜਾਪਾਨ ਆਰਥਿਕ ਸਬੰਧਾਂ ਨੂੰ ਮਜ਼ਬੂਤ ਕਰਨ ਲਈ ਮਜ਼ਬੂਤ ਸਮਰਥਨ ਨੂੰ ਦਰਸਾਉਂਦੀ ਏ। ਉਨ੍ਹਾਂ ਕਿਹਾ ਕਿ ਇਹ ਪੰਜਾਬ ਦੀਆਂ ਪ੍ਰਗਤੀਸ਼ੀਲ ਉਦਯੋਗਿਕ ਨੀਤੀਆਂ, ਏਕੀਕ੍ਰਿਤ ਸਿੰਗਲ-ਵਿੰਡੋ ਪ੍ਰਣਾਲੀ ਅਤੇ ਪੂੰਜੀਕਾਰੀ ਲਈ ਤਿਆਰ ਮੌਕਿਆਂ ਵਿੱਚ ਆਲਮੀ ਪੂੰਜੀਕਾਰਾਂ ਦੀ ਵਧ ਰਹੀ ਦਿਲਚਸਪੀ ਨੂੰ ਵੀ ਦਰਸਾਉਂਦਾ ਏ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਟੀਚਾ ਸੂਬੇ ਦੇ ਨੌਜਵਾਨਾਂ ਲਈ ਨਵੇਂ ਮੌਕੇ ਪੈਦਾ ਕਰਨਾ ਅਤੇ ਪੂੰਜੀਕਾਰਾਂ ਲਈ ਇੱਕ ਸਥਿਰ ਅਤੇ ਭਰੋਸੇਮੰਦ ਵਾਤਾਵਰਨ ਪੈਦਾ ਕਰਨਾ ਏ। ਪੰਜਾਬ ਦੇ ਜਾਪਾਨੀ ਉਦਯੋਗ ਨਾਲ ਸਬੰਧਾਂ ਬਾਰੇ ਮੁੱਖ ਮੰਤਰੀ ਨੇ ਕਿਹਾ ਕਿ ਇਹ ਸਬੰਧ ਪਹਿਲਾਂ ਹੀ ਬਹੁਤ ਮਜ਼ਬੂਤ ਹਨ ਅਤੇ ਨਿਰੰਤਰ ਵਧ ਰਹੇ ਨੇ।

-------------------------------------------------------

ਆਈ.ਆਈ.ਟੀ. ਮਦਰਾਸ ਪ੍ਰਵਰਤਕ ਨਾਲ ਭਾਈਵਾਲੀ ਕਰਕੇ ਸੂਬਾ ਪੱਧਰ ਤੇ ਕਰੀਅਰ ਗਾਈਡੈਂਸ ਪ੍ਰੋਗਰਾਮ ਸ਼ੁਰੂ ਕਰਨ ਵਾਲਾ ਪੰਜਾਬ, ਦੇਸ਼ ਦਾ ਮੋਹਰੀ ਸੂਬਾ ਬਣ ਗਿਆ ਏ। ਇਸ ਪ੍ਰੋਗਰਾਮ ਤਹਿਤ ਹਰੇਕ ਅਧਿਆਪਕ ਨੂੰ ਇੱਕ ਟਰੇਂਡ ਕਰੀਅਰ ਮੈਂਟਰ ਬਣਾਉਣ ਲਈ ਬੁਨਿਆਦੀ ਢਾਂਚਾ ਵਿਕਸਿਤ ਕੀਤਾ ਜਾਵੇਗਾ। ਇਹ ਜਾਣਕਾਰੀ ਸਾਂਝੀ ਕਰਦਿਆਂ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਇਸ ਅਹਿਮ ਪ੍ਰੋਗਰਾਮ ਤਹਿਤ 5 ਹਜ਼ਾਰ ਤੋਂ ਵੱਧ ਅਧਿਆਪਕਾਂ ਨੂੰ ਸਿਖਲਾਈ ਯਕੀਨੀ ਬਣਾਈ ਜਾਵੇਗੀ ਤਾਂ ਜੋ ਉਹ ਵਿਦਿਆਰਥੀਆਂ ਨੂੰ ਭਵਿੱਖ ਲਈ ਤਿਆਰ ਕਰਨ, ਕਰੀਅਰ ਬਾਰੇ ਵਿਕਲਪਾਂ ਸਬੰਧੀ ਸਟੀਕ ਜਾਣਕਾਰੀ ਦੇਣ ਅਤੇ ਕਰੀਅਰ ਦੀ ਚੋਣ ਬਾਰੇ ਮਾਰਗਦਰਸ਼ਨ ਕਰ ਸਕਣ। ਸਿੱਖਿਆ ਮੰਤਰੀ ਨੇ ਕਿਹਾ ਕਿ ਇਹ ਪ੍ਰੋਗਰਾਮ ਅਧਿਆਪਕਾਂ ਨੂੰ ਬੁਨਿਆਦੀ ਕਰੀਅਰ ਕਾਊਂਸਲਿੰਗ, ਕਲਾਸਰੂਮ ਸੈਸ਼ਨਾਂ ਲਈ ਹੁਨਰ ਅਤੇ ਵਨ-ਟੂ-ਵਨ ਗਾਈਡੈਂਸ ਤਹਿਤ ਮੁਫ਼ਤ ਔਨਲਾਈਨ ਸਿਖਲਾਈ ਦਿੱਤੀ ਜਾਵੇਗੀ। ਇਸ ਪ੍ਰੋਗਰਾਮ ਤਹਿਤ ਅਧਿਆਪਕ ਟੌਪ 100 ਉੱਚ-ਮੰਗ ਵਾਲੇ ਕਰੀਅਰਾਂ, ਢਾਂਚਾਗਤ ਮੁਲਾਂਕਣ ਸਾਧਨਾਂ ਅਤੇ ਕੌਮੀ ਅਤੇ ਆਲਮੀ ਪੱਧਰ ’ਤੇ ਉੱਭਰ ਰਹੇ ਕਰੀਅਰ ਰੁਝਾਨਾਂ ਬਾਰੇ ਜਾਣਕਾਰੀ ਪ੍ਰਾਪਤ ਕਰਨਗੇ। ਆਈ.ਆਈ.ਟੀ. ਮਦਰਾਸ ਪ੍ਰਵਰਤਕ ਨਿਰੰਤਰ ਅਕਾਦਮਿਕ ਸਹਾਇਤਾ ਅਤੇ ਡਿਜੀਟਲ ਸਰੋਤ ਪ੍ਰਦਾਨ ਕਰੇਗਾ।

----------------------------------------------------

1971 ਦੀ ਭਾਰਤ-ਪਾਕਿਸਤਾਨ ਜੰਗ ਦੌਰਾਨ ਆਪਰੇਸ਼ਨ ਅਕਾਲ ਤਹਿਤ ਸ਼ਹੀਦ ਹੋਏ ਜਵਾਨਾਂ ਦੀ ਯਾਦ ਵਿੱਚ ਅੱਜ ਡੇਰਾ ਬਾਬਾ ਨਾਨਕ ਦੇ ਵਿਖੇ ਬਣੇ ਵਾਰ ਮੈਮੋਰੀਅਲ ਵਿਖੇ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਗਿਆ। ਪ੍ਰੋਗਰਾਮ ਵਿਚ ਮੁੱਖ ਮਹਿਮਾਨ ਵਜੋਂ 15 ਇਨਫੈਂਟਰੀ ਡਵੀਜ਼ਨ ਦੇ G.O.C. ਮੇਜਰ ਜਨਰਲ ਕ੍ਰਾਤਿਕ ਸੀ ਸਸਾਦਰੀ ਨੇ ਸ਼ਿਰਕਤ ਕੀਤੀ। ਉਨ੍ਹਾਂ ਨੇ ਸ਼ਹੀਦਾਂ ਦੇ ਪਰਿਵਾਰਕ ਮੈਂਬਰਾਂ ਨੂੰ ਸਨਮਾਨਿਤ ਕੀਤਾ ਅਤੇ ਹਰ ਸੰਭਵ ਸਹਾਇਤਾ ਦੇਣ ਦਾ ਭਰੋਸਾ ਦਿੱਤਾ। ਇਸ ਪ੍ਰੋਗਰਾਮ ਵਿੱਚ ਵਿਸ਼ੇਸ਼ ਤੌਰ ਤੇ ਪੁੱਜੇ 1971 ਦੀ ਜੰਗ ਲੜ ਚੁੱਕੇ ਕਰਨਲ ਜੇ.ਕੇ. ਵੀਰ ਸਿੰਘ ਨੂੰ ਵੀ ਸਨਮਾਨਿਤ ਕੀਤਾ ਗਿਆ। ਕਰਨਲ ਜੇ.ਕੇ. ਵੀਰ ਸਿੰਘ ਨੇ ਕਿਹਾ ਕਿ ਸ਼ਹੀਦਾਂ ਦਾ ਸਨਮਾਨ ਕਰਨਾ ਵਧੀਆ ਉਪਰਾਲਾ ਏ।

---------------------------------------------------

ਕ੍ਰਿਕੇਟ ਵਿਚ, ਭਾਰਤ ਅਤੇ ਦੱਖਣੀ ਅਫਰੀਕਾ ਦਰਮਿਆਨ ਤਿੰਨ ਇਕ ਰੋਜ਼ਾ ਮੈਚਾਂ ਦੀ ਲੜੀ ਦਾ ਤੀਜਾ ਅਤੇ ਆਖਰੀ ਮੈਚ ਅੱਜ ਵਿਸ਼ਾਖਾਪਟਨਮ ਵਿੱਚ ਖੇਡਿਆ ਜਾਵੇਗਾ। ਮੈਚ ਦੁਪਹਿਰ ਬਾਅਦ ਡੇਢ ਵਜੇ ਸ਼ੁਰੂ ਹੋਵੇਗਾ। ਦੋਵੇਂ ਟੀਮਾਂ ਲੜੀ ਵਿੱਚ 1-1 ਨਾਲ ਬਰਾਬਰ ਨੇ ਤੇ ਇਹ ਮੈਚ ਲੜੀ ਦੇ ਜੇਤੂ ਦਾ ਫੈਸਲਾ ਕਰੇਗਾ।

---------------------------------------------------

**ਇਸ ਦੇ ਨਾਲ ਹੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੀਂ ,**

ਰਾਸ਼ਟਰੀ ਖਬਰਾਂ ਦਾ ਅਗਲਾ ਬੁੱਲੇਟਿਨ ਤੁਸੀਂ ਸੁਣੋ ਗਏ ਠੀਕ 1 ਵੱਜ ਕੇ 40 ਮਿੰਟ ਤੇ

ਨਮਸਕਾਰ